ਆਸਾ ਮਹਲਾ ੧ ॥ ਮਨੁ ਰਾਤਉ ਹਰਿ ਨਾਇ ਸਚੁ ਵਖਾਣਿਆ ॥ ਲੋਕਾ ਦਾ ਕਿਆ ਜਾਇ ਜਾ ਤੁਧੁ ਭਾਣਿਆ ॥੧॥ ਜਉ ਲਗੁ ਜੀਉ ਪਰਾਣ ਸਚੁ ਧਿਆਈਐ ॥ ਲਾਹਾ ਹਰਿ ਗੁਣ ਗਾਇ ਮਿਲੈ ਸੁਖੁ ਪਾਈਐ ॥੧॥ ਰਹਾਉ ॥ ਸਚੀ ਤੇਰੀ ਕਾਰ ਦੇਹਿ ਦਇਆਲ ਤੂੰ ॥ ਹਉ ਜੀਵਾ ਤੁਧੁ ਸਾਲਾਹਿ ਮੈ ਟੇਕ ਅਧਾਰੁ ਤੂੰ ॥੨॥ ਦਰਿ ਸੇਵਕੁ ਦਰਵਾਨੁ ਦਰਦੁ ਤੂੰ ਜਾਣਹੀ ॥ ਭਗਤਿ ਤੇਰੀ ਹੈਰਾਨੁ ਦਰਦੁ ਗਵਾਵਹੀ ॥੩॥ ਦਰਗਹ ਨਾਮੁ ਹਦੂਰਿ ਗੁਰਮੁਖਿ ਜਾਣਸੀ ॥ ਵੇਲਾ ਸਚੁ ਪਰਵਾਣੁ ਸਬਦੁ ਪਛਾਣਸੀ ॥੪॥ ਸਤੁ ਸੰਤੋਖੁ ਕਰਿ ਭਾਉ ਤੋਸਾ ਹਰਿ ਨਾਮੁ ਸੇਇ ॥ ਮਨਹੁ ਛੋਡਿ ਵਿਕਾਰ ਸਚਾ ਸਚੁ ਦੇਇ ॥੫॥ ਸਚੇ ਸਚਾ ਨੇਹੁ ਸਚੈ ਲਾਇਆ ॥ ਆਪੇ ਕਰੇ ਨਿਆਉ ਜੋ ਤਿਸੁ ਭਾਇਆ ॥ ੬॥ ਸਚੇ ਸਚੀ ਦਾਤਿ ਦੇਹਿ ਦਇਆਲੁ ਹੈ ॥ ਤਿਸੁ ਸੇਵੀ ਦਿਨੁ ਰਾਤਿ ਨਾਮੁ ਅਮੋਲੁ ਹੈ ॥ ੭॥ ਤੂੰ ਉਤਮੁ ਹਉ ਨੀਚੁ ਸੇਵਕੁ ਕਾਂਢੀਆ ॥ ਨਾਨਕ ਨਦਰਿ ਕਰੇਹੁ ਮਿਲੈ ਸਚੁ ਵਾਂਢੀਆ ॥੮॥੨੧॥ {ਪੰਨਾ 422}

ਪਦਅਰਥ:- ਰਾਤਉ—ਰੱਤਾ ਹੋਇਆ, ਰੰਗਿਆ ਹੋਇਆ। ਨਾਇ—ਨਾਮ ਵਿਚ। ਕਿਆ ਜਾਇ—ਕੁਝ ਨਹੀਂ ਵਿਗੜਦਾ। ਤੁਧੁ—ਤੈਨੂੰ।1।

ਜਉ ਲਗੁ—ਜਦ ਤਕ। ਜੀਉ—ਜਿੰਦ। ਪਰਾਣ—ਸੁਆਸ। ਲਾਹਾ—ਲਾਭ। ਗਾਇ—ਗਾ ਕੇ।1। ਰਹਾਉ।

ਸਚੀ—ਸਦਾ-ਥਿਰ, ਉਕਾਈ-ਰਹਿਤ। ਦੇਹਿ—ਤੂੰ ਦੇਹ। ਦਇਆਲ—ਹੇ ਦਇਆਲ! ਹਉ—ਮੈਂ। ਜੀਵਾ—ਮੈਂ ਜੀਊਂਦਾ ਹਾਂ, ਮੇਰਾ ਆਤਮਕ ਜੀਵਨ ਪਲਰਦਾ ਹੈ। ਅਧਾਰੁ—ਆਸਰਾ।2।

ਦਰਿ—ਦਰ ਤੇ। ਦਰਵਾਨੁ—ਦਰ ਮੱਲ ਕੇ ਬੈਠਣ ਵਾਲਾ। ਹੈਰਾਨੁ—ਅਚਰਜ।3।

ਦਰਗਹ—ਦਰਗਾਹ ਵਿਚ। ਹਦੂਰਿ—ਹਜ਼ੂਰੀ ਵਿਚ। ਗੁਰਮੁਖਿ—ਜੋ ਮਨੁੱਖ ਗੁਰੂ ਦੇ ਸਨਮੁਖ ਹੈ। ਵੇਲਾ—ਜੀਵਨ-ਸਮਾ।4।

ਕਰਿ—ਕਰੇ, ਕਰਦਾ ਹੈ, ਬਣਾਂਦਾ ਹੈ। ਤੋਸਾ—(ਜੀਵਨ-ਸਫ਼ਰ ਵਿਚ) ਰਸਤੇ ਦਾ ਖ਼ਰਚ। ਮਨਹੁ—ਮਨ ਤੋਂ। ਸਚੁ—ਸਦਾ-ਥਿਰ ਪ੍ਰਭੂ-ਨਾਮ। ਦੇਇ—ਦੇਂਦਾ ਹੈ।5।

ਸਚੇ ਨੇਹੁ—ਸਦਾ-ਥਿਰ ਰਹਿਣ ਵਾਲੇ ਪ੍ਰਭੂ ਨਾਲ ਪਿਆਰ। ਸਚੈ—ਸਦਾ-ਥਿਰ ਪ੍ਰਭੂ ਨੇ ਆਪ।6।

ਸਚੇ—ਹੇ ਸਦਾ-ਥਿਰ ਪ੍ਰਭੂ! ਸੇਵੀ—ਮੈਂ ਸੇਂਵਦਾ ਹਾਂ, ਸਿਮਰਦਾ ਹਾਂ।7।

ਹਉ—ਮੈਂ। ਕਾਂਢੀਆ—ਅਖਵਾਂਦਾ ਹਾਂ। ਕਰੇਹੁ—ਕਰੋ। ਵਾਂਢੀਆ—ਮੈਨੂੰ ਵਿਛੁੜੇ ਨੂੰ।8।

ਅਰਥ:- ਜਦੋਂ ਤਕ (ਸਰੀਰ ਵਿਚ) ਜਿੰਦ ਹੈ ਤੇ ਸੁਆਸ ਹਨ (ਤਦ ਤਕ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਸਿਮਰਨਾ ਚਾਹੀਦਾ ਹੈ। ਜਿਹੜਾ ਸਿਮਰਦਾ ਹੈ ਉਸ ਨੂੰ) ਪ੍ਰਭੂ ਦੇ ਗੁਣ ਗਾ ਕੇ (ਸਿਫ਼ਤਿ-ਸਾਲਾਹ ਕਰ ਕੇ) ਆਤਮਕ ਆਨੰਦ-ਰੂਪ ਲਾਭ ਮਿਲਦਾ ਹੈ।1। ਰਹਾਉ।

ਜਿਸ ਮਨੁੱਖ ਦਾ ਮਨ ਪਰਮਾਤਮਾ ਦੇ ਨਾਮ (-ਰੰਗ) ਵਿਚ ਰੰਗਿਆ ਜਾਏ, ਜੋ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰੇ (ਉਹ ਪਰਮਾਤਮਾ ਨੂੰ ਪਿਆਰਾ ਲੱਗਦਾ ਹੈ)।

(ਤੇ, ਹੇ ਪ੍ਰਭੂ!) ਜਦੋਂ (ਤੇਰੀ ਸੇਵਾ-ਭਗਤੀ ਦੇ ਕਾਰਨ ਕੋਈ ਵਡਭਾਗੀ ਜੀਵ) ਤੈਨੂੰ ਪਿਆਰਾ ਲੱਗਣ ਲੱਗ ਪਏ ਤਾਂ ਇਸ ਵਿਚ ਲੋਕਾਂ ਦਾ ਕੁਝ ਨਹੀਂ ਵਿਗੜਦਾ ਕਿਉਂਕਿ ਤੇਰੀ ਸਿਫ਼ਤਿ-ਸਾਲਾਹ ਕਰਨ ਵਾਲਾ ਤੇਰੇ ਪੈਦਾ ਕੀਤੇ ਬੰਦਿਆਂ ਦਾ ਦੋਖੀ ਹੋ ਹੀ ਨਹੀਂ ਸਕਦਾ)।1।

ਹੇ ਦਇਆਲ ਪ੍ਰਭੂ! ਤੂੰ ਮੈਨੂੰ ਆਪਣੀ (ਭਗਤੀ ਦੀ) ਕਾਰ ਬਖ਼ਸ਼ (ਇਹ ਕਾਰ ਐਸੀ ਹੈ ਕਿ) ਇਸ ਵਿਚ ਕੋਈ

ਉਕਾਈ ਨਹੀਂ ਹੈ। ਜਿਉਂ ਜਿਉਂ ਮੈਂ ਤੇਰੀ ਸਿਫ਼ਤਿ-ਸਾਲਾਹ ਕਰਦਾ ਹਾਂ, ਮੇਰਾ ਆਤਮਕ ਜੀਵਨ ਪਲਰਦਾ ਹੈ। ਹੇ ਪ੍ਰਭੂ! ਤੂੰ ਮੇਰੇ ਜੀਵਨ ਦੀ ਟੇਕ ਹੈਂ, ਤੂੰ ਮੇਰਾ ਆਸਰਾ ਹੈਂ।2।

ਹੇ ਪ੍ਰਭੂ! ਜੋ ਮਨੁੱਖ ਤੇਰੇ ਦਰ ਤੇ ਸੇਵਕ ਬਣਦਾ ਹੈ ਜੋ ਤੇਰਾ ਦਰ ਮੱਲਦਾ ਹੈ, ਤੂੰ ਉਸ (ਦੇ ਦਿਲ) ਦਾ ਦੁਖ-ਦਰਦ ਜਾਣਦਾ ਹੈਂ। ਜਗਤ ਵੇਖ ਕੇ ਹੈਰਾਨ ਹੁੰਦਾ ਹੈ ਕਿ ਜੇਹੜਾ ਤੇਰੀ ਭਗਤੀ ਕਰਦਾ ਹੈ ਤੂੰ ਉਸ ਦਾ ਦੁਖ-ਦਰਦ ਦੂਰ ਕਰ ਦੇਂਦਾ ਹੈਂ।3।

ਜੇਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ ਉਸ ਨੂੰ ਸਮਝ ਆ ਜਾਂਦੀ ਹੈ ਕਿ ਪਰਮਾਤਮਾ ਦੀ ਦਰਗਾਹ ਵਿਚ ਹਜ਼ੂਰੀ ਵਿਚ ਉਸ ਦਾ ਨਾਮ (-ਸਿਮਰਨ ਹੀ) ਪਰਵਾਨ ਹੁੰਦਾ ਹੈ। ਜੇਹੜਾ ਮਨੁੱਖ ਗੁਰੂ ਦੇ ਸ਼ਬਦ ਨੂੰ ਪਛਾਣਦਾ ਹੈ (ਸ਼ਬਦ ਨਾਲ ਸਾਂਝ ਪਾਂਦਾ ਹੈ) ਉਸ ਦਾ ਜੀਵਨ-ਸਮਾ ਸਫਲ ਹੈ, ਕਬੂਲ ਹੈ।4।

ਜਿਨ੍ਹਾਂ ਬੰਦਿਆਂ ਨੂੰ ਸਦਾ-ਥਿਰ ਪ੍ਰਭੂ ਆਪਣਾ ਸਦਾ-ਥਿਰ ਨਾਮ ਦੇਂਦਾ ਹੈ, ਉਹ ਆਪਣੇ ਮਨ ਵਿਚੋਂ ਵਿਕਾਰ ਛੱਡ ਕੇ ਸਤ ਸੰਤੋਖ ਪ੍ਰੇਮ ਅਤੇ ਹਰਿ-ਨਾਮ ਨੂੰ (ਜੀਵਨ-ਸਫ਼ਰ ਵਿਚ) ਰਸਤੇ ਦਾ ਖ਼ਰਚ ਬਣਾਂਦੇ ਹਨ (ਆਪਣੇ ਆਤਮਕ ਜੀਵਨ ਦਾ ਆਧਾਰ ਬਣਾਂਦੇ ਹਨ)।5।

(ਜੇ ਕਿਸੇ ਜੀਵ ਨੂੰ) ਸਦਾ-ਥਿਰ ਪ੍ਰਭੂ ਦਾ ਸਦਾ-ਥਿਰ ਪ੍ਰੇਮ ਲੱਗਾ ਹੈ (ਤਾਂ ਇਹ ਪ੍ਰੇਮ) ਸਦਾ-ਥਿਰ ਪ੍ਰਭੂ ਨੇ ਆਪ ਹੀ ਲਾਇਆ ਹੈ। ਉਹ ਆਪ ਹੀ ਨਿਆਂ ਕਰਦਾ ਹੈ (ਕਿ ਕਿਸ ਨੂੰ ਪ੍ਰੇਮ ਦੀ ਦਾਤਿ ਦੇਣੀ ਹੈ), ਜੋ ਉਸ ਨੂੰ ਪਸੰਦ ਆਉਂਦਾ ਹੈ (ਉਹੀ ਨਿਆਂ ਹੈ)।6।

ਮੈਂ (ਭੀ) ਦਿਨ ਰਾਤ ਉਸ ਪ੍ਰਭੂ ਦਾ ਸਿਮਰਨ ਕਰਦਾ ਹਾਂ ਜਿਸ ਦਾ ਨਾਮ ਅਮੋਲਕ ਹੈ ਜੋ ਸਦਾ ਜੀਵਾਂ ਉਤੇ ਦਇਆ ਕਰਦਾ ਹੈ। (ਮੈਂ ਉਸ ਦੇ ਦਰ ਤੇ ਅਰਦਾਸ ਕਰਦਾ ਹਾਂ—) ਹੇ ਸਦਾ-ਥਿਰ ਰਹਿਣ ਵਾਲੇ ਪ੍ਰਭੂ! ਮੈਨੂੰ ਆਪਣੇ ਨਾਮ ਦੀ ਦਾਤਿ ਦੇਹ, ਇਹ ਦਾਤਿ ਸਦਾ ਕਾਇਮ ਰਹਿਣ ਵਾਲੀ ਹੈ।7।

ਹੇ ਨਾਨਕ! (ਪ੍ਰਭੂ-ਦਰ ਤੇ ਸਦਾ ਇਉਂ ਅਰਦਾਸ ਕਰ—ਹੇ ਪ੍ਰਭੂ!) ਤੂੰ ਉੱਤਮ ਹੈਂ, ਮੈਂ ਨੀਚ ਹਾਂ (ਪਰ ਫਿਰ ਭੀ ਮੈਂ ਤੇਰਾ) ਸੇਵਕ ਅਖਵਾਂਦਾ ਹਾਂ। ਮੇਰੇ ਉੱਤੇ ਮੇਹਰ ਦੀ ਨਜ਼ਰ ਕਰ, (ਤਾ ਕਿ) ਮੈਨੂੰ (ਤੇਰੇ ਚਰਨਾਂ ਤੋਂ) ਵਿਛੁੜੇ ਹੋਏ ਨੂੰ ਤੇਰਾ ਸਦਾ-ਥਿਰ ਨਾਮ ਮਿਲ ਜਾਏ।8। 21।